ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਉਚੇਚੀ ਇਕੱਤਰਤਾ ਮਿਤੀ 30-11-2023 (15 ਮੱਘਰ ਸੰਮਤ ਨਾਨਕਸ਼ਾਹੀ 555) ਦੇ ਮਤਾ ਨੰਬਰ 71 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀ ਅੰਤ੍ਰਿੰਗ ਕਮੇਟੀ ਦੀ ਮੌਜੂਦਾ ਪੰਥਕ ਹਾਲਾਤਾਂ 'ਤੇ ਸੱਦੀ ਗਈ ਅੱਜ ਦੀ ਵਿਸ਼ੇਸ਼ ਇਕੱਤਰਤਾ ਵਿੱਚ ਫਾਂਸੀ ਦੀ ਸਜ਼ਾ ਦਾ ਸਾਹਮਣਾ ਕਰ ਰਹੇ ਭਾਈ ਬਲਵੰਤ ਸਿੰਘ ਰਾਜੋਆਣਾ ਵੱਲੋਂ ਫਾਂਸੀ ਦੀ ਸਜ਼ਾ ਮੁਆਫੀ ਲਈ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਪਾਈ ਗਈ ਰਹਿਮ ਦੀ ਪਟੀਸ਼ਨ ਵਾਪਸ ਲੈਣ ਲਈ ਲਿਖੇ ਗਏ ਪੱਤਰ 'ਤੇ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ। ਅੰਤ੍ਰਿੰਗ ਕਮੇਟੀ ਇਸ ਅਹਿਮ ਮੁੱਦੇ 'ਤੇ ਮਹਿਸੂਸ ਕਰਦੀ ਹੈ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਕੇਂਦਰ ਸਰਕਾਰ ਦੇ ਗੈਰ-ਮਨੁੱਖੀ ਤੇ ਅੜੀਅਲ ਰਵਈਏ ਕਾਰਨ ਭੁੱਖ ਹੜਤਾਲ ਵਰਗਾ ਸਖ਼ਤ ਕਦਮ ਚੁੱਕਣ ਦੇ ਰਾਹ 'ਤੇ ਹਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਰਾਜੋਆਣਾ ਨਾਲ ਸਬੰਧਤ ਪਟੀਸ਼ਨ ਖ਼ਾਲਸਾ ਪੰਥ ਦੇ ਵਡੇਰੇ ਹਿੱਤਾਂ ਨੂੰ ਵੇਖਦਿਆਂ ਪੰਥਕ ਭਾਵਨਾਵਾਂ ਅਨੁਸਾਰ ਪਾਈ ਗਈ ਸੀ। ਇਸ ਨੂੰ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਆਪਣੇ ਤੌਰ 'ਤੇ ਹੀ ਵਾਪਸ ਲੈਣਾ ਜਲਦਬਾਜੀ ਹੋਵੇਗੀ। ਇਸ ਲਈ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਹਿਸੂਸ ਕਰਦੀ ਹੈ ਕਿ ਇਸ ਵਿੱਚ ਵੱਖ-ਵੱਖ ਪੰਥਕ ਧਿਰਾਂ ਦੇ ਵਿਚਾਰ ਲਏ ਜਾਣੇ ਜ਼ਰੂਰੀ ਹਨ। ਅੰਤ੍ਰਿੰਗ ਕਮੇਟੀ ਇਸ ਨਿਰਣੇ 'ਤੇ ਪੁੱਜੀ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਿਰਦੇਸ਼ਾਂ ਅਨੁਸਾਰ ਬੀਤੇ ਸਮੇਂ ਅੰਦਰ ਬੰਦੀ ਸਿੰਘਾਂ ਦੇ ਮਾਮਲੇ 'ਤੇ ਗਠਤ ਕੀਤੀ ਗਈ 11 ਮੈਂਬਰੀ ਕਮੇਟੀ ਵਿੱਚੋਂ ਕਾਇਮ ਮੈਂਬਰਾਂ ਦੀ ਇਕੱਤਰਤਾ ਮਿਤੀ 2 ਦਸੰਬਰ 2023 ਨੂੰ ਸੱਦੀ ਜਾਵੇ। ਇਸ ਇਕੱਤਰਤਾ ਦੌਰਾਨ ਹਾਜ਼ਰ ਪੰਥਕ ਨੁਮਾਇੰਦਿਆਂ ਪਾਸੋਂ ਭਾਈ ਰਾਜੋਆਣਾ ਦੇ ਮਾਮਲੇ ਬਾਰੇ ਵਿਚਾਰ ਲੈ ਕੇ ਸਾਂਝੀ ਰਾਏ ਅਨੁਸਾਰ ਹੀ ਸ਼੍ਰੋਮਣੀ ਗੁ:ਪ੍ਰ: ਕਮੇਟੀ ਕੋਈ ਫੈਸਲਾ ਕਰੇ।

ਅੰਤ੍ਰਿੰਗ ਕਮੇਟੀ ਭਾਈ ਰਾਜੋਆਣਾ ਦੀਆਂ ਭਾਵਨਾਵਾਂ ਦੀ ਕਦਰ ਕਰਦੀ ਹੈ ਅਤੇ ਉਨ੍ਹਾਂ ਨੂੰ ਸਨਿਮਰ ਬੇਨਤੀ ਕਰਦੀ ਹੈ ਕਿ ਉਹ ਭੁੱਖ ਹੜਤਾਲ ਦਾ ਕਦਮ ਨਾ ਚੁੱਕਣ, ਕਿਉਂਕਿ ਇਹ ਗੁਰਮਤਿ ਸਿਧਾਤਾਂ ਅਨੁਸਾਰ ਨਹੀਂ ਹੈ ਅਤੇ ਉਹ ਖ਼ੁਦ ਵੀ ਇਸ ਬਾਰੇ ਭਲੀ ਭਾਂਤ ਜਾਣਦੇ ਹਨ।

ਅੰਤ੍ਰਿੰਗ ਕਮੇਟੀ ਭਾਈ ਰਾਜੋਆਣਾ ਨੂੰ ਇਹ ਸਨਿਮਰ ਅਪੀਲ ਵੀ ਕਰਦੀ ਹੈ ਕਿ ਭਾਈ ਸਾਹਿਬ ਜੀ ਤੁਸੀਂ ਕੌਮੀ ਪਰਵਾਨੇ ਹੋ ਅਤੇ ਜਿਸ ਮੁਸ਼ਕਲ ਦੌਰ ਵਿੱਚ ਤੁਸੀਂ ਕੌਮ ਲਈ ਦ੍ਰਿੜ੍ਹਤਾ ਅਤੇ ਸੂਰਬੀਰਤਾ ਨਾਲ ਵੱਡੀ ਕੁਰਬਾਨੀ ਕੀਤੀ, ਖ਼ਾਲਸਾ ਪੰਥ ਉਸ ਦਾ ਦੇਣ ਕਦੇ ਨਹੀਂ ਦੇ ਸਕਦਾ। ਕਾਲੇ ਦੌਰ ਅੰਦਰ ਪੰਜਾਬ ਅਤੇ ਖਾਸਕਰ ਸਿੱਖਾਂ ਵਿਰੁੱਧ ਹੋ ਰਹੇ ਅੱਤਿਆਚਾਰ ਅਤੇ ਉਨ੍ਹਾਂ ਦੇ ਕੌਮੀ ਅਧਿਕਾਰਾਂ ਨੂੰ ਦਬਾਉਣ ਵਾਲੀਆਂ ਕਾਰਵਾਈਆਂ ਦਾ ਤੁਹਾਡੇ ਵੱਲੋਂ ਮੂੰਹਤੋੜ ਜਵਾਬ ਦੇਣ ਨਾਲ, ਕੌਮ ਦਾ ਸਿਰ ਫ਼ਖਰ ਨਾਲ ਉੱਚਾ ਹੋਇਆ ਹੈ।

ਤੁਸੀਂ ਆਪਣੇ ਨਿੱਜੀ ਹਿੱਤਾਂ ਦੀ ਪ੍ਰਵਾਹ ਕੀਤੇ ਬਿਨਾਂ ਕੌਮ ਨੂੰ ਆਪਣਾ ਆਪ ਸਮਰਪਿਤ ਕੀਤਾ ਹੈ, ਜੋ ਸਿੱਖ ਇਤਿਹਾਸ ਦੀਆਂ ਪੈੜਾਂ ਵਿੱਚ ਚੱਲਣ ਵਾਲੀ ਇੱਕ ਵੱਡੀ ਮਿਸਾਲ ਹੈ। ਤੁਸੀਂ ਪਿਛਲੇ 17 ਸਾਲਾਂ ਤੋਂ ਫਾਂਸੀ ਚੱਕੀ ਵਿੱਚ ਨਜ਼ਰਬੰਦ ਰਹਿ ਕੇ ਸਿੱਖੀ ਦੇ ਚੜ੍ਹਦੀ ਕਲਾ ਦੇ ਸੰਕਲਪ ਨੂੰ ਪ੍ਰਤੱਖ ਕੀਤਾ ਹੈ। ਇਹ ਤੁਹਾਡੇ ਦ੍ਰਿੜ੍ਹ ਇਰਾਦੇ, ਸਬਰ ਸੰਤੋਖ, ਸਿਦਕ ਅਤੇ ਜਿੰਦਾ ਦਿਲੀ ਦੀ ਮਿਸਾਲ ਹੈ, ਜੋ ਆਪਣੇ ਆਪ ਤੋਂ ਉੱਪਰ ਉੱਠ ਕੇ ਕੌਮੀ ਸਮਰਪਣ ਵਜੋਂ ਹੈ। ਤੁਹਾਡੀ ਇਸੇ ਘਾਲਣਾ ਕਰਕੇ ਹੀ ਸਿੱਖ ਕੌਮ ਦੇ ਸਰਬਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਤੁਹਾਨੂੰ 'ਜਿੰਦਾ ਸ਼ਹੀਦ' ਦਾ ਖਿਤਾਬ ਦਿੱਤਾ ਹੋਇਆ ਹੈ।

ਚੱਲਦਾ - 2 -

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੁਹਾਡੇ ਮਾਮਲੇ ਨੂੰ ਲੈ ਕੇ ਕਦੇ ਵੀ ਚੁੱਪ ਨਹੀਂ ਰਹੀ ਅਤੇ ਮੌਜੂਦਾ ਸਮੇਂ ਵੀ ਲਗਾਤਾਰ ਕਾਰਜਸ਼ੀਲ ਹੈ। ਹਾਲ ਹੀ ਵਿੱਚ ਪੰਜਾਬ ਦੇ ਰਾਜਪਾਲ ਨਾਲ ਮੁਲਾਕਾਤ ਕੀਤੀ ਗਈ ਹੈ ਅਤੇ 26 ਲੱਖ ਲੋਕਾਂ ਦੀ ਅਵਾਜ਼ ਨੂੰ ਉਨ੍ਹਾਂ ਸਾਹਮਣੇ ਰੱਖਿਆ ਗਿਆ ਹੈ। ਸ਼੍ਰੋਮਣੀ ਗੁ:ਪ੍ਰ:ਕਮੇਟੀ ਭਾਰਤ ਦੇ ਰਾਸ਼ਟਰਪਤੀ, ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਨਾਲ ਮੁਲਾਕਾਤ ਲਈ ਵੀ ਪੁਰਜ਼ੋਰ ਯਤਨਸ਼ੀਲ ਹੈ। ਇਹ ਸਿੱਖ ਸੰਸਥਾ ਦੀ ਜ਼ੁੰਮੇਵਾਰੀ ਹੈ ਨਾ ਕਿ ਕੋਈ ਅਹਿਸਾਨ। ਤੁਹਾਡੀ ਰਿਹਾਈ ਲਈ ਪੂਰਾ ਖ਼ਾਲਸਾ ਪੰਥ ਅਰਦਾਸ ਬੇਨਤੀ ਵੀ ਕਰ ਰਿਹਾ ਹੈ ਅਤੇ ਤੁਹਾਡੇ ਨਾਲ ਚੱਟਾਨ ਵਾਂਗ ਖੜ੍ਹਾ ਹੈ। ਆਸ ਕਰਦੇ ਹਾਂ ਕਿ ਗੁਰੂ ਸਾਹਿਬ ਇਸ ਵਿੱਚ ਜ਼ਰੂਰ ਕਾਮਯਾਬੀ ਦੇਣਗੇ।

ਇਸ ਦੇ ਨਾਲ ਹੀ ਅੰਤ੍ਰਿੰਗ ਕਮੇਟੀ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਾਮਲੇ 'ਤੇ ਭਾਰਤ ਸਰਕਾਰ ਦੀ ਟਾਲ-ਮਟੋਲ ਦੀ ਨੀਤੀ ਅਤੇ ਅਪਣਾਏ ਜਾ ਰਹੇ ਨਾਂਹ-ਪੱਖੀ ਰਵੱਈਏ ਦੀ ਵੀ ਕਰੜੀ ਆਲੋਚਨਾ ਕਰਦੀ ਹੈ। ਕੇਂਦਰ ਸਰਕਾਰ ਵੱਲੋਂ ਸੰਨ 2019 ਵਿੱਚ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਦੇ ਐਲਾਨ ਮਗਰੋਂ ਮੁੱਕਰ ਜਾਣਾ, ਸਿੱਖ-ਵਿਰੋਧੀ ਰਵੱਈਆ ਹੈ। ਇਸ ਮਾਮਲੇ 'ਤੇ ਮਾਨਯੋਗ ਸੁਪਰੀਮ ਕੋਰਟ ਵੱਲੋਂ ਸਮੇਂ-ਸਮੇਂ ਭਾਰਤ ਸਰਕਾਰ ਨੂੰ ਫੈਸਲਾ ਕਰਨ ਲਈ ਆਦੇਸ਼ ਦੇ ਬਾਵਜੂਦ ਵੀ ਚੁੱਪੀ ਧਾਰਨ ਕਰਨੀ ਪੱਖਪਾਤ ਅਤੇ ਗੈਰ-ਸੰਜੀਦਾ ਪਹੁੰਚ ਹੈ, ਜਿਸ ਨਾਲ ਸਾਬਤ ਹੋ ਰਿਹਾ ਹੈ ਕਿ ਸਰਕਾਰ ਸੰਵਿਧਾਨ ਵਿਰੁੱਧ ਜਾ ਕੇ ਸਿੱਖਾਂ ਨੂੰ ਦੂਜੇ ਦਰਜੇ ਦੇ ਸ਼ਹਿਰੀ ਹੋਣ ਅਤੇ ਬੇਗਾਨਗੀ ਦਾ ਅਹਿਸਾਸ ਕਰਵਾ ਰਹੀ ਹੈ। ਜੇਕਰ ਭਾਰਤ ਸਰਕਾਰ ਸੱਚਮੁੱਚ ਹੀ ਦੇਸ਼ ਦੇ ਸਮੁੱਚੇ ਲੋਕਾਂ ਦੀ ਤਰਜਮਾਨ ਹੈ, ਤਾਂ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲ ਕਰਨ ਦੇ 2019 ਵਿੱਚ ਲਏ ਆਪਣੇ ਫੈਸਲੇ ਨੂੰ ਲਾਗੂ ਕਰੇ ਅਤੇ ਇਸ ਦੇ ਨਾਲ ਹੀ ਪਿਛਲੇ 27 ਸਾਲਾਂ ਤੋਂ ਜੇਲ੍ਹ ਅੰਦਰ ਸਜ਼ਾ ਭੁਗਤ ਚੁੱਕੇ ਹੋਣ ਕਰਕੇ ਉਨ੍ਹਾਂ ਨੂੰ ਬਿਨਾਂ ਦੇਰੀ ਰਿਹਾਅ ਕੀਤਾ ਜਾਵੇ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22681

ਮਿਤੀ 2 -12 -2023

ਉਤਾਰਾ: 1. ਇੰਚਾਰਜ ਜੀ, ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।